**ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ**
**ਰਾਸ਼ਟਰੀ ਮਾਧਮਿਕ ਸਿੱਖਿਆ ਅਭਿਆਨ ਅਥਾਰਟੀ, ਪੰਜਾਬ**
**ਪੰਜਾਬ ਸਕੂਲ ਸਿੱਖਿਆ ਬੋਰਡ, ਈ. ਬਲਾਕ, 5ਵੀਂ ਮੰਜ਼ਿਲ ਅਜੀਤਗੜ੍ਹ (ਮੋਹਾਲੀ)**

ਵੱਲ

1. ਸਮੂਹ ਜ਼ਿਲਾ ਸਿੱਖਿਆ ਅਫਸਰ (ਸੈ.ਸਿ)/(ਐ.ਸਿੱ), ਪੰਜਾਬ
2. ਰਾਜ ਦੇ ਸਮੂਹ ਸਰਕਾਰੀ ਪ੍ਰਾਇਮਰੀ/ਮਿਡਲ/ਹਾਈ/ਸੀ.ਸੈਕੰ. ਸਕੂਲਾਂ ਦੇ ਮੁੱਖੀ

**ਮੀਮੋ ਨੰ: ਏ.ਐਸ.ਪੀ.ਡੀ/ਰਮਸਅ/2016/105**
**ਮਿਤੀ, ਚੰਡੀਗੜ੍ਹ** 04/01/2016

**ਵਿਸ਼ਾਂ:-** **ਲਾਲਾ ਲਾਜਪਤ ਰਾਏ ਜੀ ਦੀ 150ਵੀਂ ਜਨਮ ਸ਼ਤਾਬਦੀ ਸੰਬੰਧੀ ਸਕੂਲ ਪੱਧਰੀ ਗਤੀਵਿਧੀਆਂ ਕਰਵਾਉਣ ਬਾਰੇ।**

1.0 ਉਕਤ ਵਿਸ਼ੇ ਸੰਬੰਧੀ ਆਪ ਜੀ ਦੇ ਧਿਆਨ ਵਿੱਚ ਲਿਆਂਦਾ ਜਾਂਦਾ ਹੈ ਕਿ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਜੀ ਦੇ 150ਵੀਂ ਜਨਮ ਸ਼ਤਾਬਦੀ ਸਮਾਰੋਹ ਸਮਾਗਮ ਜਨਵਰੀ 2016 ਦੌਰਾਨ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਹਨ। ਇਸ ਸੰਬੰਧੀ ਪੰਜਾਬ ਸਰਕਾਰ ਸਕੂਲ ਸਿੱਖਿਆ ਵਿਭਾਗ ਵੱਲੋਂ ਹੇਠ ਦਰਸਾਏ ਅਨੁਸਾਰ ਸਕੂਲ ਪੱਧਰੀ ਗਤੀਵਿਧੀਆਂ ਕਰਵਾਏ ਜਾਣ ਦਾ ਫੈਸਲਾ ਕੀਤਾ ਗਿਆ ਹੈ:-

(ੳ) **ਮਿਤੀ 11-16 ਜਨਵਰੀ 2016 :-** (i) 11-16 ਜਨਵਰੀ 2016 ਦਰਮਿਆਨ ਰਾਜ ਦੇ ਸਾਰੇ ਸਕੂਲਾਂ ਵਿੱਚ ਸਵੇਰ ਦੀ ਸਭਾ ਦੌਰਾਨ ਸਕੂਲ ਮੁੱਖੀ/ਅਧਿਆਪਕਾਂ/ਵਿਦਿਆਰਥੀਆਂ ਵੱਲੋਂ ਲਾਲਾ ਲਾਜਪਤ ਰਾਏ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ ਜਾਵੇ ਅਤੇ ਆਜ਼ਾਦੀ ਦੀ ਲੜਾਈ ਵਿੱਚ ਉਹਨਾਂ ਵੱਲੋਂ ਪਾਏ ਅਹਿਮ ਯੋਗਦਾਨ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਜਾਵੇ।
(ii) ਇਸੇ ਹੀ ਹਫ਼ਤੇ ਦੌਰਾਨ ਸਕੂਲ ਦੀ ਸਹੂਲਤ ਅਨੁਸਾਰ ਜਮਾਤ 8ਵੀਂ-12ਵੀਂ ਤਕ ਦੀਆਂ ਜਮਾਤਾਂ ਦੇ ਵਿਦਿਆਰਥੀਆਂ ਦੇ ਲਾਲਾ ਲਾਜਪਤ ਰਾਏ ਜੀ ਬਾਰੇ ਸਕੂਲ ਪੱਧਰ ਤੇ ਭਾਸ਼ਣ ਮੁਕਾਬਲੇ ਵੀ ਕਰਵਾਏ ਜਾਣ ਅਤੇ ਜੇਕਰ ਸੰਭਵ ਹੋਵੇ ਤਾਂ ਜੇਤੂ ਵਿਦਿਆਰਥੀਆਂ ਨੂੰ ਹੌਂਸਲਾ ਅਫਜਾਈ ਤੌਰ ਤੇ ਇਨਾਮ ਵੀ ਦਿੱਤੇ ਜਾ ਸਕਦੇ ਹਨ।

(ਅ) **ਮਿਤੀ 18-23 ਜਨਵਰੀ 2016 :-** ਇਸ ਹਫ਼ਤੇ ਦੌਰਾਨ ਸਕੂਲ ਪੱਧਰ ਤੇ ਕਿਸੇ ਵੀ ਦਿਨ ਜਮਾਤ 8ਵੀਂ-12ਵੀਂ ਤਕ ਦੇ ਵਿਦਿਆਰਥੀਆਂ ਦੇ ਲਾਲਾ ਲਾਜਪਤ ਰਾਏ ਜੀ ਦੇ ਜੀਵਨ ਤੇ ਜਮਾਤ-ਵਾਈਜ਼ ਲੇਖ ਮੁਕਾਬਲੇ ਕਰਵਾਏ ਜਾਣਾ ਯਕੀਨੀ ਬਣਾਇਆ ਜਾਵੇ ਅਤੇ ਜੇਕਰ ਸੰਭਵ ਹੋਵੇ ਤਾਂ ਜੇਤੂਆਂ ਨੂੰ ਹੌਂਸਲਾ ਅਫ਼ਜ਼ਾਈ ਹਿੱਤ ਸਕੂਲ ਪੱਧਰ 'ਤੇ ਇਨਾਮ ਵੀ ਦਿੱਤੇ ਜਾਣ।

2.0 ਉਕਤ ਅਨੁਸਾਰ ਕਰਵਾਣੀ ਯਕੀਨੀ ਬਣਾਈ ਜਾਵੇ ਜੀ।

**ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ**
**ਰਾਸ਼ਟਰੀ ਮਾਧਮਿਕ ਸਿੱਖਿਆ ਅਭਿਆਨ ਅਥਾਰਟੀ,**
**ਪੰਜਾਬ**

**ਪਿੱਠ ਅੰਕਣ ਨੰ: ਏ.ਐਸ.ਪੀ.ਡੀ./ਰਮਸਅ/2015/** **ਮਿਤੀ ਚੰਡੀਗੜ੍ਹ:**
**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:**

1. ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ ਸਕੂਲ ਸਿੱਖਿਆ।
2. ਪੀ.ਏ.ਟੂ ਡੀ.ਜੀ.ਐਸ.ਈ, ਪੰਜਾਬ।
3. ਪੀ.ਏ.ਟੂ ਡੀ.ਪੀ.ਆਈ(ਸੈ.ਸਿੱ/ਐ.ਸਿੱ),ਪੰਜਾਬ।
4. ਨਿੱਜੀ ਸਹਾਇਕ/ਡਾਇਰੈਕਟਰ ਸਭਿਆਚਾਰਕ ਮਾਮਲੇ, ਪੰਜਾਬ।
5. ਸਮੂਹ ਮੰਡਲ ਸਿੱਖਿਆ ਅਫਸਰ(ਫਰੀਦਕੋਟ, ਜੰਲਧਰ ਅਤੇ ਨਾਭਾ)

**ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ**
**ਰਾਸ਼ਟਰੀ ਮਾਧਮਿਕ ਸਿੱਖਿਆ ਅਭਿਆਨ ਅਥਾਰਟੀ,**